
# ਸ੍ਰੀ ਗੁਰੂ ਤੇਗ ਬਹਾਦਰ ਖ਼ਾਲਸਾ ਕਾਲਜ ਵਿਖੇ 7 ਰੋਜ਼ਾ ਫੈਕਲਟੀ ਡਿਵੈਲਪਮੈਂਟ ਪ੍ਰੋਗਰਾਮ ਦੀ ਹੋਈ ਸ਼ੁਰੂਆਤ

**ਅੰਤਰਰਾਸ਼ਟਰੀ ਪੱਧਰ ਦੇ ਵਿਦਵਾਨਾਂ ਵਲੋਂ ਅੰਗਰੇਜ਼ੀ ਭਾਸ਼ਾ ਤੇ ਸਾਹਿਤ ਵਿਚ ਮੌਜੂਦਾ ਪ੍ਰਵਿਰਤੀਆਂ ਸੰਬੰਧੀ ਕੀਤੀਆਂ ਜਾਣਗੀਆਂ ਵਿਚਾਰਾਂ**

ਸ੍ਰੀ ਅਨੰਦਪੁਰ ਸ਼ਾਹਿਬ, 10 ਜਨਵਰੀ (ਕਰਨੈਲ ਸਿੰਘ, ਨਿੱਕੂਵਾਲ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੇ ਸਥਾਨਕ ਸ੍ਰੀ ਗੁਰੂ ਤੇਗ ਬਹਾਦਰ ਖ਼ਾਲਸਾ ਕਾਲਜ (ਆਟੋਨੋਮਸ ਕਾਲਜ) ਦੇ ਪੋਸਟ ਗ੍ਰੈਜੂਏਟ ਅੰਗਰੇਜ਼ੀ ਵਿਭਾਗ ਵਲੋਂ 7 ਰੋਜ਼ਾ ਫੈਕਲਟੀ ਡਿਵੈਲਪਮੈਂਟ ਪ੍ਰੋਗਰਾਮ ਦੀ ਅੱਜ ਸ਼ੁਰੂਆਤ ਕੀਤੀ ਗਈ। ਅੰਗਰੇਜ਼ੀ ਭਾਸ਼ਾ ਤੇ ਸਾਹਿਤ 'ਚ ਮੌਜੂਦਾ ਦੌਰ ਦੀਆਂ ਪ੍ਰਵਿਰਤੀਆਂ 'ਤੇ ਕਰਵਾਈ ਜਾ ਰਹੀ ਫੈਕਲਟੀ ਡਿਵੈਲਪਮੈਂਟ ਪ੍ਰੋਗਰਾਮ ਦੀ ਸ਼ੁਰੂਆਤ ਮੌਕੇ ਕਾਲਜ ਦੇ ਪ੍ਰਿੰਸੀਪਲ ਡਾ. ਜਸਵੀਰ ਸਿੰਘ ਨੇ ਭਾਰਤ ਦੇ ਵੱਖ-ਵੱਖ ਪ੍ਰਾਂਤਾਂ ਅਤੇ ਵਿਦੇਸ਼ਾਂ ਤੋਂ ਆਨਲਾਈਨ ਮਾਧਿਅਮ ਰਾਹੀਂ ਜੁੜੇ ਬੁਲਾਰਿਆਂ, ਵੱਖ-ਵੱਖ ਯੂਨੀਵਰਸਿਟੀਆਂ, ਕਾਲਜਾਂ ਦੇ ਪ੍ਰੋਫ਼ੈਸਰਾਂ ਤੇ ਖੋਜਾਰਥੀਆਂ ਦਾ ਇਸ ਪ੍ਰੋਗਰਾਮ ਦੇ ਨਾਲ ਜੁੜਨ ਮੌਕੇ ਸਵਾਗਤ ਕੀਤਾ। ਉਨ੍ਹਾਂ ਜਿੱਥੇ ਗੁਰੂ ਨਗਰੀ 'ਚ ਚੱਲ ਰਹੇ ਇਸ ਕਾਲਜ ਦੇ ਇਤਿਹਾਸ 'ਤੇ ਚਾਨਣਾ ਪਾਇਆ ਉੱਥੇ 'ਹੀ ਕਾਲਜ ਦੇ ਅੰਗਰੇਜ਼ੀ ਵਿਭਾਗ ਵੱਲੋਂ ਅੰਗਰੇਜ਼ੀ ਭਾਸ਼ਾ ਅਤੇ ਅੰਗਰੇਜ਼ੀ ਸਾਹਿਤ ਦੇ ਨਾਲ ਸੰਬੰਧਿਤ ਇਸ ਫੈਕਲਟੀ ਡਿਵੈਲਪਮੈਂਟ ਪ੍ਰੋਗਰਾਮ ਕਰਵਾਉਣ ਲਈ ਸਮੁੱਚੇ ਵਿਭਾਗ ਨੂੰ ਵਧਾਈ ਵੀ ਦਿੱਤੀ। ਉੱਧਰ ਇਸ ਮੌਕੇ ਕਾਲਜ ਦੇ ਪੋਸਟ ਗਰੈਜੂਏਟ ਅੰਗਰੇਜ਼ੀ ਵਿਭਾਗ ਦੇ ਮੁਖੀ ਡਾ. ਗੁਰਪ੍ਰੀਤ ਕੌਰ ਨੇ ਇਸ਼ 7 ਰੋਜ਼ਾ ਫੈਕਲਟੀ ਡਿਵੈਲਮੈਂਟ ਪ੍ਰੋਗਰਾਮ ਦੀ ਰੂਪ ਰੇਖਾ ਸੰਬੰਧੀ ਜਾਣਕਾਰੀ ਸਾਂਝੀ ਕੀਤੀ ਤੇ ਵੱਖ-ਵੱਖ ਮਾਧਿਅਮਾਂ ਰਾਹੀਂ ਦੇਸ਼ਾਂ-ਵਿਦੇਸ਼ਾਂ ਤੋਂ ਜੁੜੇ ਪ੍ਰੋਫੈਸਰਾਂ, ਰਿਸਰਚ ਸਕਾਲਰਾਂ ਦਾ ਸਵਾਗਤ ਵੀ ਕੀਤਾ। ਗੌਰਤਲਬ ਹੈ ਕਿ ਇਸ ਫੈਕਲਟੀ ਡਿਵੈਲਪਮੈਂਟ ਪ੍ਰੋਗਰਾਮ 'ਚ ਕਾਲਜਾਂ, ਯੂਨੀਵਰਸਿਟੀਆਂ ਦੇ 1300 ਦੇ ਕਰੀਬ ਪ੍ਰੋਫੈਸਰ ਤੇ ਰਿਸਰਚ ਸਕਾਲਰ ਭਾਗ ਲੈ ਰਹੇ ਹਨ। ਇਸ ਪ੍ਰੋਗਰਾਮ ਵਿਚ 'ਚ ਗੂਗਲ ਮੀਟ, ਫੇਸ ਬੁੱਕ ਤੇ ਯੂ ਟਿਊਬ ਰਾਹੀਂ ਹਿੱਸਾ ਬਣੇ ਲੋਕਾਂ ਨੇ ਪ੍ਰੋਗਰਾਮ ਦੇ ਪਹਿਲੇ ਦਿਨ ਇਸ ਪ੍ਰੋਗਰਾਮ ਨਾਲ ਸੰਬੰਧਿਤ ਵਿਸ਼ੇ ਤੇ ਖੁੱਲ੍ਹ ਕੇ ਵਿਚਾਰਾਂ ਕੀਤੀਆਂ। ਇਸ ਪ੍ਰੋਗਰਾਮ ਦੇ ਪਹਿਲੇ ਦਿਨ ਮੁਰਾਦਾਬਾਦ ਦੇ ਗੋਕੁਲ ਦਾਸ ਹਿੰਦੂ ਕਾਲਜ (ਲੜਕੀਆਂ) ਦੇ ਪ੍ਰਿੰਸੀਪਲ ਡਾ. ਚਾਰੂ ਮਹਿਰੋਤਰਾ ਤੇ ਮਲੇਸ਼ੀਆਂ ਦੇ ਪਹਾਂਗ ਯੂਨੀਵਰਸਿਟੀ ਦੇ ਅੰਗਰੇਜ਼ੀ ਵਿਭਾਗ ਦੇ ਐਸੋਸੀਏਟ ਪ੍ਰੋਫੈਸਰ ਡਾ. ਜ਼ੁਰੇਨਾ ਅਲੀ ਨੇ ਮੁੱਖ ਵਕਤਾ ਦੇ ਤੌਰ 'ਤੇ ਅੰਗਰੇਜ਼ੀ ਭਾਸ਼ਾ ਤੇ ਸਾਹਿਤ 'ਚ ਮੌਜੂਦਾ ਸਮੇਂ ਦੀਆਂ ਪ੍ਰਵਿਰਤੀਆਂ ਵਿ... ਤੇ ਅਰਥ ਭਰਪੂਰ ਜਾਣਕਾਰੀ ਸਾਂਝੀ ਕੀਤੀ। ਇ... ਮੌਕੇ ਮੰਚ ਸੰਚਾਲਨ ਦੀ ਜ਼ਿੰਮੇਵਾਰੀ ਪ੍ਰੋਫੈਸ... ਦਿਲਸ਼ੇਰਬੀਰ ਸਿੰਘ ਵੱਲੋਂ ਬਾਖ਼ੂਬੀ ਨਿਭਾਈ ਗਈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਕੰਪਿਊਟਰ ਵਿਭਾ... ਦੇ ਮੁਖੀ ਡਾ. ਸੁਰਿੰਦਰ ਕੁਮਾਰ, ਪ੍ਰੋ. ਪਰਵਿੰਦਰ ਕੌ... ਡਾ. ਬਲਜੀਤ ਸਿੰਘ ਚਾਨਾ, ਪ੍ਰੋ. ਕੋਮਲ, ... ਮਨਸਿਮਰਨ, ਪ੍ਰੋ. ਨੇਹਾ, ਪ੍ਰੋ. ਭਾਰਤੀ ਸ਼ਰਮਾ, ... ਪ੍ਰਿਆ, ਪ੍ਰੋ. ਤੇਜਿੰਦਰ ਕੌਰ, ਡਾ. ਅਮਨਦੀਪ ਕੌਰ, ... ਹਰਪ੍ਰੀਤ ਕੌਰ, ਪ੍ਰੋ. ਮਨਪ੍ਰੀਤ ਕੌਰ ਤੇ ਕਾਲਜ ਦ... ਸਮੁੱਚਾ ਸਟਾਫ਼ ਮੌਜੂਦ ਰਿਹਾ।




ਸ੍ਰੀ ਗੁਰੂ ਤੇਗ ਬਹਾਦਰ ਖ਼ਾਲਸਾ ਕਾਲਜ ਸ੍ਰੀ ਅਨੰਦਪੁਰ ਸਾਹਿਬ ਦੇ ਪੋਸਟ ਗ੍ਰੈਜੂਏਟ ਅੰਗਰੇਜ਼ੀ ਵਿਭਾਗ ਵਲੋਂ ਕਰਵਾਏ ਜਾ ਰਹੇ ਫੈਕਲਟੀ ਡਿਵੈਲਪਮੈਂਟ ਪ੍ਰੋਗਰਾਮ ਦੀ ਝਲਕ।



Scanned with CamScanner

# खालसा कॉलेज में सात दिवसीय फैकल्टी डेवलपमेंट प्रोग्राम शुरू



कॉलेज में सात दिवसीय डेवलपमेंट प्रोग्राम की शुरूआत करते सदस्य।


**भास्कर न्यूज | श्री आनंदपुर साहिब**

श्री गुरू तेग बहादर खालसा कॉलेज (आटोनोमस कॉलेज) के पोस्ट ग्रेजुएट अंग्रेजी विभाग द्वारा सात दिवसीय फैक्ल्टी डेवलपमेंट प्रोग्राम की आज शुरुआत की गई। अंग्रेजी भाषा व साहित्य में मौजूदा दौर की प्रविष्ठियां करवाई जा रही है। इस फैकल्टी डेवलपमेंट प्रोग्राम की शुरुआत मौके कॉलेज के प्रिंसिपल डॉ. जसवीर सिंह व भारत के अलग अलग प्रांतों व देशों से ऑनलाइन माध्यम जरिए जुड़े प्रवक्ताओं, अलग अलग यूनीवर्सिटी, कॉलेजों के प्रोफेसरों व खोजार्थियों ने इस प्रोग्राम से जुड़े। इस मौके कॉलेज के पोस्ट ग्रेजुएट अंग्रेजी विभाग के मुखी डॉ. गुरप्रीत कौर ने इस प्रोग्राम की रूपरेखा के बारे में जानकारी दी। मंच संचालन की जिम्मेवारी प्रोफेसर दिलशेरबीर सिंह ने निभाई। इस मौके डॉ. सुरिंदर कुमार, प्रो. परविंदर कौर, डॉ. बलजीत सिंह चाना, प्रो. कोमल, प्रो. मनसिमरन, प्रो. नेहा, प्रो. भारती शर्मा, प्रो.प्रिया, प्रो. तेजिंदर कौर, डॉ. अमनदीप कौर, प्रो. हरप्रीत कौर, प्रो. मनप्रीत कौर आदि मौजूद थे।

Scanned with CamScanner

# ਖਾਲਸਾ ਕਾਲਜ ਵਿਖੇ 7 ਰੋਜ਼ਾ ਫੈਕਲਟੀ ਡਿਵੈਲਪਮੈਂਟ ਪ੍ਰੋਗਰਾਮ ਸ਼ੁਰੂ

ਸ੍ਰੀ ਅਨੰਦਪੁਰ ਸਾਹਿਬ, 10 ਜਨਵਰੀ (ਦਲਜੀਤ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੇ ਸਥਾਨਕ ਸ੍ਰੀ ਗੁਰੂ ਤੇਗ ਬਹਾਦਰ ਖ਼ਾਲਸਾ ਕਾਲਜ (ਆਟੋਨੋਮਸ ਕਾਲਜ) ਦੇ ਪੋਸਟ ਗ੍ਰੈਜੂਏਟ ਅੰਗਰੇਜ਼ੀ ਵਿਭਾਗ ਵੱਲੋਂ 7 ਰੋਜ਼ਾ ਫੈਕਲਟੀ ਡਿਵੈਲਪਮੈਂਟ ਪ੍ਰੋਗਰਾਮ ਦੀ ਅੱਜ ਸ਼ੁਰੂਆਤ ਕੀਤੀ ਗਈ। ਅੰਗਰੇਜ਼ੀ ਭਾਸ਼ਾ ਤੇ ਸਾਹਿਤ ਵਿਚ ਮੌਜੂਦਾ ਦੌਰ ਦੀਆਂ ਪ੍ਰਵਿਰਤੀਆਂ 'ਤੇ ਕਰਵਾਈ ਜਾ ਰਹੀ ਇਸ ਫੈਕਲਟੀ ਡਿਵੈਲਪਮੈਂਟ ਪ੍ਰੋਗਰਾਮ ਦੀ ਸ਼ੁਰੂਆਤ ਮੌਕੇ ਕਾਲਜ ਦੇ ਪ੍ਰਿੰਸੀਪਲ ਡਾ. ਜਸਵੀਰ ਸਿੰਘ ਨੇ ਭਾਰਤ ਦੇ ਵੱਖ-ਵੱਖ ਸੂਬਿਆਂ ਤੇ ਵਿਦੇਸ਼ਾਂ ਤੋਂ ਆਨਲਾਈਨ ਜੁੜੇ ਬੁਲਾਰਿਆਂ, ਵੱਖ-ਵੱਖ ਯੂਨੀਵਰਸਿਟੀਆਂ, ਕਾਲਜਾਂ ਦੇ ਪ੍ਰੋਫੈਸਰਾਂ ਤੇ ਖੋਜਾਰਥੀਆਂ ਦਾ ਇਸ ਪ੍ਰੋਗਰਾਮ ਦੇ ਨਾਲ ਜੁੜਨ ਮੌਕੇ ਸਵਾਗਤ ਕੀਤਾ। ਉਨ੍ਹਾਂ ਜਿੱਥੇ ਗੁਰੂ ਨਗਰੀ ਵਿਚ ਚੱਲ ਰਹੇ ਇਸ ਕਾਲਜ ਦੇ ਇਤਿਹਾਸ 'ਤੇ ਚਾਨਣਾ ਪਾਇਆ ਉੱਥੇ ਹੀ ਕਾਲਜ ਦੇ ਅੰਗਰੇਜ਼ੀ ਵਿਭਾਗ ਵੱਲੋਂ ਅੰਗਰੇਜ਼ੀ ਭਾਸ਼ਾ ਅਤੇ ਅੰਗਰੇਜ਼ੀ ਸਾਹਿਤ ਦੇ ਨਾਲ ਸਬੰਧਿਤ ਇਸ ਫੈਕਲਟੀ ਡਿਵੈਲਪਮੈਂਟ ਪ੍ਰੋਗਰਾਮ ਦੇ ਆਯੋਜਨ ਲਈ ਸਮੁੱਚੇ ਵਿਭਾਗ ਨੂੰ ਵਧਾਈ ਵੀ ਦਿੱਤੀ। ਉੱਧਰ ਇਸ ਮੌਕੇ 'ਤੇ ਕਾਲਜ ਦੇ ਪੋਸਟ ਗ੍ਰੈਜੂਏਟ ਅੰਗਰੇਜ਼ੀ ਵਿਭਾਗ ਦੇ ਮੁਖੀ ਡਾ. ਗੁਰਪ੍ਰੀਤ ਕੌਰ ਨੇ ਇਸ 7 ਰੋਜ਼ਾ ਫੈਕਲਟੀ ਡਿਵੈਲਪਮੈਂਟ ਪ੍ਰੋਗਰਾਮ ਦੀ ਰੂਪ-ਰੇਖਾ ਸਬੰਧੀ ਜਾਣਕਾਰੀ ਸਾਂਝੀ ਕੀਤੀ ਤੇ ਵੱਖ-ਵੱਖ ਮਾਧਿਅਮਾਂ ਰਾਹੀਂ ਦੇਸ਼ਾਂ-ਵਿਦੇਸ਼ਾਂ ਤੋਂ ਜੁੜੇ ਪ੍ਰੋਫੈਸਰਾਂ, ਰਿਸਰਚ ਸਕਾਲਰਾਂ ਦਾ ਸਵਾਗਤ ਵੀ ਕੀਤਾ।



ਖਾਲਸਾ ਕਾਲਜ ਦੀ ਪ੍ਰਿੰਸੀਪਲ ਡਾਕਟਰ ਜਸਵੀਰ ਸਿੰਘ ਆਨਲਾਈਨ ਮਾਧਿਅਮ ਰਾਹੀਂ ਜੁੜੇ ਬੁਲਾਰਿਆਂ ਨਾਲ ਗੱਲਬਾਤ ਕਰਦੇ ਹੋਏ। (ਦਲਜੀਤ)

ਗੌਰਤਲਬ ਹੈ ਕਿ ਇਸ ਫੈਕਲਟੀ ਡਿਵੈਲਪਮੈਂਟ ਪ੍ਰੋਗਰਾਮ ਵਿਚ ਕਾਲਜਾਂ, ਯੂਨੀਵਰਸਿਟੀਆਂ ਦੇ 1300 ਦੇ ਕਰੀਬ ਪ੍ਰੋਫੈਸਰ ਤੇ ਰਿਸਰਚ ਸਕਾਲਰ ਭਾਗ ਲੈ ਰਹੇ ਹਨ। ਇਸ ਪ੍ਰੋਗਰਾਮ ਵਿਚ ਗੂਗਲ ਮੀਟ, ਫੇਸਬੁੱਕ ਤੇ ਯੂ-ਟਿਊਬ ਰਾਹੀਂ ਹਿੱਸਾ ਬਣੇ ਲੋਕਾਂ ਨੇ ਪ੍ਰੋਗਰਾਮ ਦੇ ਪਹਿਲੇ ਦਿਨ ਇਸ ਪ੍ਰੋਗਰਾਮ ਨਾਲ ਸਬੰਧਿਤ ਵਿਸ਼ੇ 'ਤੇ ਖੁੱਲ੍ਹ ਕੇ ਵਿਚਾਰਾਂ ਕੀਤੀਆਂ। ਇਸ ਪ੍ਰੋਗਰਾਮ ਦੇ ਪਹਿਲੇ ਦਿਨ ਮੁਰਾਦਾਬਾਦ ਦੇ ਗੋਕੁਲਦਾਸ ਹਿੰਦੂ ਕਾਲਜ (ਲੜਕੀਆਂ) ਦੇ ਪ੍ਰਿੰਸੀਪਲ ਡਾ. ਚਾਰੂ ਮਹਿਰੋਤਰਾ ਤੇ ਮਲੇਸ਼ੀਆਂ ਦੇ ਪਹਾਂਗ ਯੂਨੀਵਰਸਿਟੀ ਦੇ ਅੰਗਰੇਜ਼ੀ ਵਿਭਾਗ ਦੇ ਐਸੋਸੀਏਟ ਪ੍ਰੋਫੈਸਰ ਡਾ. ਜ਼ੁਹੈਨਾ ਅਲੀ ਨੇ ਮੁੱਖ ਬੁਲਾਰਾ ਵਜੋਂ ਅੰਗਰੇਜ਼ੀ ਭਾਸ਼ਾ ਤੇ ਸਾਹਿਤ 'ਚ ਮੌਜੂਦਾ ਸਮੇਂ ਦੀਆਂ ਪ੍ਰਵਿਰਤੀਆਂ ਵਿਸ਼ੇ 'ਤੇ ਅਰਥ ਭਰਪੂਰ ਜਾਣਕਾਰੀ ਸਾਂਝੀ ਕੀਤੀ।

ਇਸ ਮੌਕੇ ਮੰਚ ਸੰਚਾਲਨ ਦੀ ਜ਼ਿੰਮੇਵਾਰੀ ਪ੍ਰੋਫੈਸਰ ਦਿਲਸ਼ੇਰਬੀਰ ਸਿੰਘ ਵੱਲੋਂ ਬਾਖ਼ੂਬੀ ਨਿਭਾਈ ਗਈ। ਇਸ ਮੌਕੇ ਕੰਪਿਊਟਰ ਵਿਭਾਗ ਦੇ ਮੁਖੀ ਡਾ. ਸੁਰਿੰਦਰ ਕੁਮਾਰ, ਪ੍ਰੋ. ਪਰਵਿੰਦਰ ਕੌਰ, ਡਾ. ਬਲਜੀਤ ਸਿੰਘ ਚਾਨਾ, ਪ੍ਰੋ. ਕੋਮਲ, ਪ੍ਰੋ. ਮਨਸਿਮਰਨ, ਪ੍ਰੋ. ਨੇਹਾ, ਪ੍ਰੋ. ਭਾਰਤੀ ਸ਼ਰਮਾ, ਪ੍ਰੋ. ਪ੍ਰਿਆ, ਪ੍ਰੋ. ਤੇਜਿੰਦਰ ਕੌਰ, ਡਾ. ਅਮਨਦੀਪ ਕੌਰ, ਪ੍ਰੋ. ਹਰਪ੍ਰੀਤ ਕੌਰ, ਪ੍ਰੋ. ਮਨਪ੍ਰੀਤ ਕੌਰ ਤੇ ਕਾਲਜ ਦਾ ਸਮੁੱਚਾ ਸਟਾਫ ਮੌਜੂਦ ਰਿਹਾ।